# ਪੰਜਾਬ ਸਕੂਲ ਸਿੱਖਿਆ ਬੋਰਡ

ਪ੍ਰੈਸ ਨੋਟ

ਸੀਨੀਅਰ ਸੈਕੰਡਰੀ ਪ੍ਰੀਖਿਆ ਮਾਰਚ-2014 ਓਪਨ ਸਕੂਲ ਰੈਗੂਲਰ ਪ੍ਰੀਖਿਆਰਥੀਆਂ ਦਾ ਨਤੀਜ਼ਾ ਮਿਤੀ 22-05-2014 ਨੂੰ ਘੋਸ਼ਿਤ ਕੀਤਾ ਜਾ ਰਿਹਾ ਹੈ । ਓਪਨ ਸਕੂਲ ਰੈਗੂਲਰ ਪ੍ਰੀਖਿਆਰਥੀਆਂ ਦੀ ਪਾਸ ਪ੍ਰਤੀਸ਼ਤਤਾ ਹੇਠ ਲਿਖੇ ਅਨੁਸਾਰ ਹੈ :-

| | |
|---|---|
| ਪ੍ਰੀਖਿਆ ਵਿਚ ਅਪੀਅਰ ਹੋਏ ਪ੍ਰੀਖਿਆਰਥੀਆਂ ਦੀ ਗਿਣਤੀ | 44995 |
| ਪਾਸ | 26527 |
| ਪ੍ਰਤੀਸ਼ਤਤਾ | 58.96% |

ਓਪਨ ਸਕੂਲ ਰੈਗੂਲਰ ਪ੍ਰੀਖਿਆਰਥੀਆਂ ਦਾ ਨਤੀਜਾ ,ਪ੍ਰੀਖਿਆਰਥੀ/ਸਕੂਲ ਬੋਰਡ ਦੀ ਵੈਬਸਾਇਟ www.pseb.ac.in ਅਤੇ www.indiaresults.com ਤੇ ਮਿਤੀ 23/05/2014 ਨੂੰ ਸਵੇਰੇ 11:00 ਵਜੇ ਸਕੂਲ ਕੋਡ ਜਾਂ ਆਪਣੇ ਰੋਲ ਨੰਬਰ ਰਾਂਹੀ ਦੇਖ ਸਕਦੇ ਹਨ । ਇਸ ਤੋਂ ਇਲਾਵਾ ਪ੍ਰੀਖਿਆਰਥੀਆਂ ਨੂੰ SMS,1VR S, ਅਤੇ USSD ਇਹਨਾਂ ਵਿਚੋ ਜੋ ਵੀ ਉਪਲਬਧ ਹੋਵੇ ਰਾਂਹੀ ਨਤੀਜ਼ਾ ਪਤਾ ਕਰਨ ਦੀ ਸੁਵਿਧਾ ਮੁਹੱਈਆ ਕਰਵਾਈ ਜਾ ਰਹੀ ਹੈ ।

ਪ੍ਰੀਖਿਆ ਵਿਚ ਅਪੀਅਰ ਹੋਏ ਪ੍ਰੀਖਿਆਰਥੀ ਰੀਚੈਕਿੰਗ ਲਈ ਫਾਰਮ ਨਤੀਜ਼ਾ ਜਾਰੀ ਹੋਣ ਦੀ ਮਿਤੀ ਤੋਂ 10 ਦਿਨ ਤੱਕ ਭਰ ਸਕਦੇ ਹਨ । ਰੀਚੈਕਿੰਗ ਸਬੰਧੀ ਫਾਰਮ ਬੋਰਡ ਦੀ ਵੈਬਸਾਈਟ www.pseb.ac.in ਤੇ ਹੀ ਉਪਲਬਧ ਕਰਵਾਏ ਜਾਣਗੇ ।

ਜਿਹਨਾਂ ਪ੍ਰੀਖਿਆਰਥੀਆਂ ਦਾ ਨਤੀਜਾ ਰੀ-ਅਪੀਅਰ ਘੋਸ਼ਿਤ ਹੋਇਆ ਹੈ ਉਹਨਾਂ ਦਾ ਫਾਰਮ ਅਤੇ ਫੀਸ ਜਮ੍ਹਾਂ ਕਰਵਾਉਣ ਸਬੰਧੀ ਸ਼ਡਿਊਲ ਦਾ ਪ੍ਰੈਸ ਨੋਟ ਵੱਖਰੇ ਤੌਰ ਤੇ ਦਿੱਤਾ ਜਾਵੇਗਾ।

ਨਤੀਜ਼ਾ ਵਿਖਾ ਰਹੀਆਂ ਫਰਮਾਂ ਅਤੇ ਇਸ ਨਾਲ ਸਬੰਧਤ ਕੋਈ ਵੀ ਸੰਸਥਾ ਜਾਂ ਪੰਜਾਬ ਸਕੂਲ ਸਿੱਖਿਆ ਬੋਰਡ , ਨਤੀਜੇ ਦੇ ਛਪਣ ਵਿਚ ਕਿਸੇ ਗਲਤੀ ਲਈ ਜਿੰਮੇਵਾਰ ਨਹੀਂ ਹਨ , ਇਹ ਘੋਸ਼ਿਤ ਨਤੀਜੇ ਕੇਵਲ ਪ੍ਰੀਖਿਆਰਥੀਆਂ ਦੀ ਤੁਰੰਤ ਜਾਣਕਾਰੀ ਲਈ ਹਨ । ਇਸ ਨੂੰ ਅਸਲ ਨਤੀਜਾ ਨਹੀਂ ਮੰਨਿਆ ਜਾ ਸਕਦਾ । ਅਸਲ ਨਤੀਜਾ ਕਾਰਡ ਬੋਰਡ ਵੱਲੋਂ ਵੱਖਰੇ ਤੌਰ ਤੇ ਜਾਰੀ ਕੀਤੇ ਜਾਣੇ ਹਨ । ਪ੍ਰੀਖਿਆਰਥੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਸਹੀ ਜਾਣਕਾਰੀ ਲਈ ਬੋਰਡ ਵੱਲੋਂ ਜਾਰੀ ਨਤੀਜ਼ਾ ਕਾਰਡਾਂ ਤੇ ਹੀ ਨਿਰਭਰ ਕਰਨ ।

ਸਕੱਤਰ